# ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਦਾ ਭਾਈ ਵੀਰ ਸਿੰਘ ਦੇ 63ਵੇਂ ਸੱਚਖੰਡ ਪਿਆਨਾ ਦਿਵਸ ਤੇ ਸੰਦੇਸ਼




**ਵਾਹਿਗੁਰੂ ਜੀ ਦਾ ਖਾਲਸਾ॥**
**ਵਾਹਿਗੁਰੂ ਜੀ ਦੀ ਫ਼ਤਹਿ॥**

ਮੇਰੀ ਕੌਮ ਦੇ ਮਹਾਨ ਵਿਦਵਾਨ, ਲੇਖਕ ਤੇ ਪ੍ਰਚਾਰਕ ਬਹੁਤੀ ਮਹਾਨ ਬੰਦਗੀ ਤੇ ਭਗਤੀ ਦੇ ਰੰਗ ਵਿਚ ਰੰਗੀ ਹੋਈ ਰੂਹ ਭਾਈ ਸਾਹਿਬ ਭਾਈ ਵੀਰ ਸਿੰਘ ਜੀ ਜਿਹਨਾਂ ਦੀ 63ਵੀਂ ਸਾਲਾਨਾ ਬਰਸੀ ਦੇ ਸੰਬੰਧ ਦੇ ਵਿਚ ਆਨਲਾਈਨ ਸਮਾਗਮ ਹੋ ਰਹੇ ਹਨ, ਕਿਉਂਕਿ ਸਾਰੇ ਜਾਣਦੇ ਹਨ ਕਿ ਵਿਸ਼ਵ ਵਿਚ ਕੋਰੋਨਾ ਮਹਾਮਾਰੀ ਕਾਰਨ ਵੱਡੇ ਇਕੱਠ ਹੋਣੇ ਸੰਭਵ ਨਹੀਂ ਹਨ ਇਸ ਲਈ ਭਾਈ ਵੀਰ ਸਿੰਘ ਸਾਹਿਤ ਸਦਨ ਵੱਲੋਂ ਇਸ 63ਵੀਂ ਯਾਦਗਾਰ ਦੇ ਸੰਬੰਧ ਵਿਚ ਇਹ ਆਨਲਾਈਨ ਸਮਾਗਮ ਕਰਨਾ, ਮੈਂ ਸਮਝਦਾਂ ਪ੍ਰਸ਼ੰਸਾਯੋਗ ਕਾਰਜ ਹੈ। ਭਾਈ ਵੀਰ ਸਿੰਘ ਜੀ ਸਿੱਖ ਪੰਥ ਵਿਚ ਕਿਸੇ ਜਾਣਕਾਰੀ ਦੇ ਮੁਥਾਜ ਨਹੀਂ ਹਨ। ਉਨ੍ਹਾਂ ਵੱਲੋਂ ਕੀਤੇ ਕਾਰਜ, ਉਨ੍ਹਾਂ ਵੱਲੋਂ ਲਿਖੀਆਂ ਪੁਸਤਕਾਂ, ਨਾਵਲ ਜਿਹੜੇ ਸਿੱਖ ਇਤਿਹਾਸ ਉੱਤੇ ਆਧਾਰਿਤ ਹਨ, ਉਹ ਰਹਿੰਦੇ ਸਮੇਂ ਤੱਕ, ਰਹਿੰਦੀ ਦੁਨੀਆ ਤੱਕ, ਮੇਰੀ ਕੌਮ ਦੇ ਨੌਜਵਾਨਾਂ ਨੂੰ ਪ੍ਰਭਾਵਿਤ ਕਰਦੇ ਰਹਿਣਗੇ। ਉਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਾਵਨ ਬਾਣੀ ਦਾ ਟੀਕਾ ਲਿਖਣਾ ਵੀ ਆਰੰਭ ਕੀਤਾ। ਭਾਵੇਂ ਉਹ ਸੰਪੂਰਨ ਨਹੀਂ ਹੋ ਸਕਿਆ ਪਰ ਫਿਰ ਵੀ ਜਿੰਨੇ ਉਨ੍ਹਾਂ ਨੇ ਬਾਣੀ ਦੇ ਅਰਥ ਕੀਤੇ ਹਨ, ਉਨ੍ਹਾਂ ਦੇ ਵਿੱਚੋਂ ਬਹੁਤ ਮਹਾਨ, ਗੂੜ੍ਹ ਅਤੇ ਪਰਮਾਰਥ ਦੀ ਝਲਕ ਪੈਂਦੀ ਹੈ ਔਰ ਬੜੇ ਮਨ ਨੂੰ ਆਨੰਦ ਦੇਣ ਵਾਲੇ ਉਹ ਅਰਥ ਜਿਹੜੇ ਨੇ, ਪ੍ਰਤੀਤ ਹੁੰਦੇ ਹਨ, ਮਨ ਨੂੰ ਸਕੂਨ ਮਿਲਦਾ ਪੜ੍ਹ ਕੇ। ਭਾਈ ਵੀਰ ਸਿੰਘ ਜੀ ਨੇ ਆਪਣਾ ਪੂਰਾ ਜੀਵਨ ਗੁਰਬਾਣੀ ਦੇ ਆਸ਼ੇ ਮੁਤਾਬਿਕ ਬਤੀਤ ਕੀਤਾ। ਜਿੱਥੇ ਉਨ੍ਹਾਂ ਦੀ ਲੇਖਣੀ ਕੌਮ ਦੇ ਨੌਜਵਾਨਾਂ ਨੂੰ ਪ੍ਰਭਾਵਿਤ ਕਰਦੀ ਹੈ, ਸੇਧ ਦਿੰਦੀ ਹੈ, ਉੱਥੇ ਉਨ੍ਹਾਂ ਦਾ ਖ਼ੁਦ ਦਾ ਆਪਣਾ ਜਿਹੜਾ ਗੁਰਬਾਣੀ ਆਧਾਰਿਤ ਜੀਵਿਆ ਜੀਵਨ ਹੈ ਉਹ ਵੀ ਸਿੱਖ ਕੌਮ ਵਾਸਤੇ ਜ਼ਿੰਦਗੀ ਜੀਊਣ ਲਈ ਬਹੁਤ ਵੱਡਾ ਪ੍ਰੇਰਣਾਸ੍ਰੋਤ ਹੈ। ਮੇਰੀ ਦਿਲੀ ਇੱਛਾ ਸੀ ਕਿ ਮੈਂ ਇਸ ਸਮਾਗਮ ਵਿੱਚ ਸਰੀਰਕ ਤੌਰ ਤੇ ਹਾਜ਼ਰ ਹੁੰਦਾ ਪਰ ਕਿਉਂਕਿ ਮਹਾਮਾਰੀ ਕਾਰਨ ਇਕੱਠ ਸੰਭਵ ਨਹੀਂ ਹੈ, ਪੁੱਜਣਾ ਸੰਭਵ ਨਹੀਂ ਹੈ। ਇਸ ਕਰਕੇ ਮੈਂ ਭਾਈ ਵੀਰ ਸਿੰਘ ਸਾਹਿਤ ਸਦਨ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਾ ਹਾਂ, ਇਸ ਕਾਰਜ ਲਈ ਉਨ੍ਹਾਂ ਦੀ ਪ੍ਰਸ਼ੰਸਾ ਕਰਦਾ ਔਰ ਭਾਈ ਵੀਰ ਸਿੰਘ ਸਾਹਿਤ ਸਦਨ ਦੇ ਪ੍ਰਧਾਨ ਅਤੇ ਭਾਰਤ ਦੇ ਸਾਬਕਾ ਪ੍ਰਧਾਨ ਮੰਤਰੀ ਡਾ. ਮਨਮੋਹਨ ਸਿੰਘ ਜੀ ਲਈ ਵਾਹਿਗੁਰੂ ਅੱਗੇ ਅਰਦਾਸ ਕਰਦਾ ਹਾਂ ਕਿ ਉਨ੍ਹਾਂ ਨੂੰ ਵਾਹਿਗੁਰੂ ਸਿਹਤਯਾਬੀ ਬਖ਼ਸ਼ੇ ਅਤੇ ਸਾਰੇ ਮੈਂਬਰਾਂ ਨੂੰ ਹੀ ਵਾਹਿਗੁਰੂ ਪੰਥਕ ਸੇਵਾ ਕਰਨ ਦਾ ਬਲ ਬਖ਼ਸ਼ੇ।

**ਵਾਹਿਗੁਰੂ ਜੀ ਦਾ ਖਾਲਸਾ॥**
**ਵਾਹਿਗੁਰੂ ਜੀ ਦੀ ਫ਼ਤਹਿ॥**

## ਇਤਿਹਾਸਕ ਅੱਠ ਨੁੱਕਰਾ ਖੂਹ ਸੰਗਤ ਨੂੰ ਅਰਪਣ

ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਪੰਜਵੀਂ ਪਾਤਸ਼ਾਹੀ, ਓਠੀਆਂ (ਬਟਾਲਾ) ਵਿਚ ਗੁਰੂ ਅਰਜਨ ਦੇਵ ਜੀ ਨਾਲ ਸੰਬੰਧਤ ਇਤਿਹਾਸਕ ਅੱਠ ਨੁੱਕਰਾਂ ਵਾਲਾ ਖੂਹ ਮੁਰੰਮਤ ਕਰਨ ਮਗਰੋਂ ਸੰਗਤ ਨੂੰ ਅਰਪਣ ਕਰ ਦਿੱਤਾ ਗਿਆ। ਜ਼ਿਕਰਯੋਗ ਹੈ ਇਸ ਖੂਹ ਨੂੰ ਪੰਜਵੇਂ ਪਾਤਸ਼ਾਹ ਗੁਰੂ ਅਰਜਨ ਦੇਵ ਜੀ ਨੇ ਸੰਗਤ ਦੀ ਲੋੜ ਨੂੰ ਧਿਆਨ'ਚ ਰੱਖਦਿਆਂ ਤਿਆਰ ਕਰਵਾਇਆ ਸੀ। ਵਿਰਾਸਤ ਦੀ ਸੰਭਾਲ ਹਿਤ ਸ਼੍ਰੋਮਣੀ ਕਮੇਟੀ ਨੇ ਇਸ ਨੂੰ ਮੁੜ ਸੁਰਜੀਤ ਕੀਤਾ ਹੈ। ਇਸ ਦੀ ਸੇਵਾ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੇ ਕੀਤੀ ਹੈ ਜਿਨ੍ਹਾਂ ਨਿੱਕੀ ਇੱਟ ਨਾਲ ਖੂਹ ਨੂੰ ਵਿਰਾਸਤੀ ਦਿੱਖ ਦਿੱਤੀ ਹੈ। ਇਸ ਮੌਕੇ ਬਾਬਾ ਸੇਵਾ ਸਿੰਘ ਨੇ ਗੁਰਦੁਆਰਾ ਸਾਹਿਬ'ਚ ਮੌਲਸਰੀ ਦੇ ਪੰਜ ਬੂਟੇ ਲਾਏ।

## ਗੁਰਦੁਆਰਿਆਂ ਦੀ ਜ਼ਮੀਨ 'ਚ ਬੂਟੇ ਲਾਉਣ ਦਾ ਕੰਮ ਸ਼ੁਰੂ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਵਾਤਾਵਰਨ ਦੀ ਸਾਂਭ-ਸੰਭਾਲ ਅਤੇ ਸ਼ੁੱਧਤਾ ਵਾਸਤੇ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਹੇਠਲੇ ਇਤਿਹਾਸਕ ਗੁਰਦੁਆਰਿਆਂ ਦੀ ਜ਼ਮੀਨ ਵਿਚ ਜੰਗਲਨੁਮਾ ਬਾਗ਼ ਸਥਾਪਿਤ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ। ਬਾਗ਼ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਸ੍ਰੀ ਹਰਿਮੰਦਰ ਸਾਹਿਬ ਤੋਂ ਸ਼ੁਰੂ ਕੀਤੀ ਗਈ ਸੀ। ਇਸ ਯੋਜਨਾ ਤਹਿਤ ਬੂਟੇ ਲਾਉਣ ਅਤੇ ਸੰਭਾਲਣ ਦੀ ਸੇਵਾ ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਨੂੰ ਸੌਂਪੀ ਗਈ ਹੈ। ਇਸ ਯੋਜਨਾ 'ਚ ਇਕ ਏਕੜ ਜ਼ਮੀਨ 'ਚ ਚਾਰ ਹਜ਼ਾਰ ਬੂਟੇ ਲਾਏ ਜਾਣਗੇ ਤੇ ਯੋਜਨਾ ਦੇ 80 ਫ਼ੀਸਦੀ ਕੰਮ ਨੂੰ ਨਵੰਬਰ ਤਕ ਪੂਰਾ ਕਰਨ ਦਾ ਲਕਸ਼ ਰੱਖਿਆ ਗਿਆ ਹੈ। ✧ ✧

# ਡਿਜ਼ੀਟਲ ਰੂਪ 'ਚ ਮਨਾਏ ਗਏ ਭਾਈ ਸਾਹਿਬ ਦੇ 63ਵੇਂ ਸੱਚਖੰਡ ਪਿਆਨਾ ਦਿਵਸ ਦੀਆਂ ਝਲਕੀਆਂ



ਗੁਰੂ ਗ੍ਰੰਥ ਸਾਹਿਬ ਵਿੱਦਿਆ ਕੇਂਦਰ ਦੇ ਵਿਦਿਆਰਥੀ ਅਕਾਲੀ ਬਾਣੀ ਦਾ ਮਨੋਹਰ ਕੀਰਤਨ ਕਰਦੇ ਹੋਏ।





ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਪ੍ਰੋ. ਮਨਜੀਤ ਸਿੰਘ ਅਤੇ ਸਾਥੀ ਰਸਭਿੰਨਾ ਕੀਰਤਨ ਕਰਦੇ ਹੋਏ।





(1) ਸਦਨ ਦੀ ਸਟਾਫ ਮੈਂਬਰ ਬੀਬੀ ਮਨਿੰਦਰ ਕੌਰ ਸਹਿਜ ਪਾਠ ਦੇ ਭੋਗ ਦੀ ਸੇਵਾ ਨਿਭਾਹੁੰਦੇ ਹੋਏ। (2) ਸਰਦਾਰਨੀ ਤਜਿੰਦਰ ਕੌਰ ਧੀਰ ਗੁਰੂ ਨਾਨਕ ਚਮਤਕਾਰ, ਭਾਗ-1 'ਚੋਂ ਸ਼ੇਖ਼ ਸ਼ਰਫ਼ ਦੀ ਸਾਖੀ ਨੂੰ ਸੰਦੇਸ਼ ਰੂਪ 'ਚ ਪੜ੍ਹ ਕੇ ਸੁਣਾਉਂਦੇ ਹੋਏ। (3) ਸਰਦਾਰਨੀ ਤਰਨਜੀਤ ਕੌਰ ਅਤੇ ਸਰਦਾਰਨੀ ਤਮਨਪ੍ਰੀਤ ਕੌਰ ਭਾਈ ਸਾਹਿਬ ਦੀ ਕਵਿਤਾ 'ਠਹਿਰ ਜਾਈਂ ਠਹਿਰ ਜਾਈਂ' ਦਾ ਗਾਇਨ ਕਰਦੇ ਹੋਏ।


(1) ਦਿੱਲੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਤੋਂ ਪ੍ਰੋ. ਰਵੇਲ ਸਿੰਘ ਭਾਈ ਸਾਹਿਬ ਦੇ ਜੀਵਨ ਤੇ ਚਾਨਣਾ ਪਾਉਂਦੇ ਹੋਏ। (2) ਸਦਨ ਦੇ ਡਾਇਰੈਕਟਰ ਡਾ. ਮਹਿੰਦਰ ਸਿੰਘ ਇਸ ਵਾਰ ਹੋਏ ਡਿਜ਼ੀਟਲ ਪ੍ਰੋਗਰਾਮ ਸੰਬੰਧੀ ਵਿਚਾਰ ਸਾਂਝੇ ਕਰਦੇ ਹੋਏ। (3) ਸ. ਕੁਲਮੋਹਨ ਸਿੰਘ ਸੰਚਾਲਕ ਦੀ ਜ਼ਿੰਮੇਵਾਰੀ ਨਿਭਾਉਂਦੇ ਹੋਏ।

'KHALSA SAMACHAR' New Delhi. Office of Posting NDGPO-110001 (Thursday-Friday) R.No.50825/1990 DL(ND)-11/6035/2018-19-20
Published & printed by Dr.Mohinder Singh on behalf of Bhai Vir Singh Sahitya Sadan, Published from Bhai Vir Singh Marg, Gole Market, New Delhi-110001 and printed at Print Media, 1331 Chowk Sangatrashan, Paharganj, New Delhi.
Editor Dr.Mohinder Singh. Phone 011-23363510, Email:info@bvsss.org www.bvsss.org
ਭਾਈ ਵੀਰ ਸਿੰਘ ਸਾਹਿਤ ਸਦਨ, ਨਵੀਂ ਦਿੱਲੀ ਵਲੋਂ ਪ੍ਰਕਾਸ਼ਕ ਤੇ ਛਾਪਕ ਡਾ.ਮਹਿੰਦਰ ਸਿੰਘ ਨੇ ਪ੍ਰਿੰਟ ਮੀਡੀਆ, 1331 ਚੌਂਕ ਸੰਗਤਰਾਸ਼ਾ, ਪਹਾੜ ਗੰਜ, ਨਵੀਂ ਦਿੱਲੀ-55 ਤੋਂ ਛਪਵਾਇਆ।
**ਸੰਪਾਦਕ: ਡਾ. ਮਹਿੰਦਰ ਸਿੰਘ।** [ਲੇਖਕਾਂ ਦੇ ਨਿਜੀ ਵਿਚਾਰਾਂ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ]

# ਡਿਜ਼ੀਟਲ ਰੂਪ 'ਚ ਮਨਾਇਆ ਗਿਆ ਭਾਈ ਵੀਰ ਸਿੰਘ ਦਾ 63ਵਾਂ ਸੱਚਖੰਡ ਪਿਆਨਾ ਦਿਵਸ

ਨਵੀਂ ਦਿੱਲੀ, 10 ਜੂਨ 2020: ਭਾਈ ਵੀਰ ਸਿੰਘ ਸਾਹਿਤ ਸਦਨ ਅਤੇ ਭਾਈ ਵੀਰ ਸਿੰਘ ਸਟੱਡੀ ਸਰਕਲ ਵੱਲੋਂ ਭਾਈ ਵੀਰ ਸਿੰਘ ਦਾ 63ਵਾਂ ਸੱਚਖੰਡ ਪਿਆਨਾ ਦਿਵਸ ਕਰੋਨਾ ਮਹਾਂਮਾਰੀ ਦੇ ਸੰਕਟ ਨੂੰ ਧਿਆਨ 'ਚ ਰੱਖਦਿਆਂ ਡਿਜ਼ੀਟਲ ਰੂਪ'ਚ ਮਨਾਇਆ ਗਿਆ। ਸਹਿਜ ਪਾਠ ਦੇ ਭੋਗ ਤੋਂ ਬਾਅਦ ਗੁਰੂ ਗ੍ਰੰਥ ਸਾਹਿਬ ਵਿੱਦਿਆ ਕੇਂਦਰ ਦੇ ਵਿਦਿਆਰਥੀਆਂ ਨੇ ਮਨੋਹਰ ਕੀਰਤਨ ਕੀਤਾ। ਸਰਦਾਰਨੀ ਤਜਿੰਦਰ ਕੌਰ ਧੀਰ ਨੇ ਭਾਈ ਸਾਹਿਬ ਦਾ ਸੰਦੇਸ਼ ਅਤੇ ਸਰਦਾਰਨੀ ਤਰਨਜੀਤ ਕੌਰ ਨੇ ਭਾਈ ਸਾਹਿਬ ਦੀ ਕਵਿਤਾ ਦਾ ਗਾਇਨ ਕੀਤਾ। ਉਪਰੰਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਪ੍ਰੋ. ਮਨਜੀਤ ਸਿੰਘ ਨੇ ਇਲਾਹੀ ਬਾਣੀ ਦਾ ਮਨੋਹਰ ਕੀਰਤਨ ਕੀਤਾ। ਇਸ ਮੌਕੇ ਦਿੱਲੀ ਯੂਨੀਵਰਸਿਟੀ ਦੇ ਪੰਜਾਬੀ ਵਿਭਾਗ ਦੇ ਪ੍ਰੋ.ਰਵੇਲ ਸਿੰਘ ਨੇ ਭਾਈ ਸਾਹਿਬ ਨੂੰ ਸਾਹਿਤਕ ਸ਼ਰਧਾਂਜਲੀ ਦਿੰਦਿਆਂ ਕਿਹਾ ਭਾਈ ਸਾਹਿਬ ਵਰਗੀ ਬਹੁਮੁਖੀ ਪ੍ਰਤਿਭਾ ਪੰਜਾਬੀ ਸਾਹਿਤ ਜਗਤ'ਚ ਉਨ੍ਹਾਂ ਤੋਂ ਬਾਅਦ ਸਾਡੇ ਕੋਲ ਹੋਰ ਕੋਈ ਨਹੀਂ। ਉਨ੍ਹਾਂ ਵਕਤ ਦੇ ਹਾਲਾਤ ਦੇ ਸਨਮੁਖ ਹੁੰਦਿਆਂ ਵਿਸ਼ਾਲ ਬਹੁਵਿਧ ਸਾਹਿਤ ਸਿਰਜਨਾ ਕੀਤੀ ਅਤੇ ਲੋਕਾਂ ਦੀ ਭਾਸ਼ਾ ਅਤੇ ਆਧੁਨਿਕ ਰੂਪਾਂ'ਚ ਵਿਰਸੇ ਦੀ ਪੇਸ਼ਕਾਰੀ ਰਾਹੀਂ ਲੋਕਾਂ ਨੂੰ ਅਧਿਆਤਮਕ ਤੇ ਸਭਿਆਚਾਰਕ ਕਦਰਾਂ-ਕੀਮਤਾਂ ਨਾਲ ਜੋੜਿਆ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਆਪਣੇ ਸੰਬੋਧਨ'ਚ ਭਾਈ ਸਾਹਿਬ ਦੀ ਬਰਸੀ ਦੇ ਆਨਲਾਈਨ ਸਮਾਗਮ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਦੀ ਸਾਹਿਤਕ ਅਤੇ ਸਮਾਜਿਕ ਦੇਣ ਦਾ ਵਿਸ਼ੇਸ਼ ਜ਼ਿਕਰ ਕੀਤਾ।



**ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਸੰਦੇਸ਼ ਦਿੱਤਾ। ਉਨ੍ਹਾਂ ਆਪਣੇ ਸੰਦੇਸ਼'ਚ ਭਾਈ ਸਾਹਿਬ ਰਾਹੀਂ ਰਚੇ ਸਾਹਿਤ ਨੂੰ ਗੁਰਮਤਿ ਦੀਆਂ ਮਹਾਨ ਰਚਨਾਵਾਂ ਦੱਸਦਿਆਂ ਇਹਨਾਂ ਨੂੰ ਅੱਜ ਦੇ ਨੌਜਵਾਨਾਂ ਲਈ ਪ੍ਰਮੁੱਖ ਪ੍ਰੇਰਨਾ ਸਰੋਤ ਦੱਸਿਆ।** (ਵੇਰਵਾ ਸਫ਼ਾ-9 ਤੇ)

ਉਪਰੰਤ ਡਾ.ਮਨਮੋਹਨ ਸਿੰਘ ਦੀ ਸੁਪਤਨੀ ਸਰਦਾਰਨੀ ਗੁਰਸ਼ਰਨ ਕੌਰ ਨੇ ਭਾਈ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਦਿਆਂ **ਖ਼ਾਲਸਾ ਸਮਾਚਾਰ** ਦਾ ਵਿਸ਼ੇਸ਼ ਅੰਕ ਰੀਲੀਜ਼ ਕੀਤਾ। ਸਦਨ ਦੇ ਡਾਇਰੈਕਟਰ ਡਾ. ਮਹਿੰਦਰ ਸਿੰਘ ਨੇ ਇਸ ਵਾਰ ਦੇ ਡਿਜ਼ੀਟਲ ਸਮਾਰੋਹ ਸੰਬੰਧੀ ਆਪਣੇ ਅਨੁਭਵਾਂ ਨੂੰ ਸਾਂਝਿਆਂ ਕਰਦਿਆਂ ਸਦਨ ਦੀਆਂ ਪ੍ਰਕਾਸ਼ਨਾਵਾਂ ਦਾ ਜ਼ਿਕਰ ਕੀਤਾ। ਅਖ਼ੀਰ 'ਚ ਅਨੰਦ ਸਾਹਿਬ ਦੇ ਪਾਠ ਤੋਂ ਬਾਅਦ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ ਗਿਆਨੀ ਫੂਲਾ ਸਿੰਘ ਨੇ ਕੀਤੀ। ਅਰਦਾਸ ਦੌਰਾਨ ਉਨ੍ਹਾਂ ਗੁਰੂ ਪਾਤਸ਼ਾਹ ਦੇ ਚਰਨਾਂ 'ਚ ਸਦਨ ਦੇ ਪ੍ਰਧਾਨ ਡਾ. ਮਨਮੋਹਨ ਸਿੰਘ ਦੀ ਸਿਹਤਯਾਬੀ ਲਈ ਵਿਨਮ੍ਰ ਬੇਨਤੀ ਵੀ ਕੀਤੀ। ਪ੍ਰੋਗਰਾਮ ਦੀ ਸਮਾਪਤੀ ਤੇ ਸਦਨ ਦੇ ਸਟਾਫ਼ ਨੇ ਨਾਮ ਸਿਮਰਨ ਕੀਤਾ।



ਭਾਈ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ
ਸਰਦਾਰਨੀ ਗੁਰਸ਼ਰਨ ਕੌਰ



ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਹੈਡ ਗ੍ਰੰਥੀ
ਗਿਆਨੀ ਫੂਲਾ ਸਿੰਘ ਅਰਦਾਸ ਕਰਦੇ ਹੋਏ